ਪਹਿਲੇ ਸਫ਼ੇ ਤੋਂ

ਮੁਲਾਜ਼ਮਾਂ ਦੀ ਹੜਤਾਲ

ਠੱਪ ਪਈ ਹੈ। ਡੀਸੀ ਦਫ਼ਤਰਾਂ ਵਿਚ ਅਸਲਾ ਲਾਇਸੈਂਸ ਦੇਣ ਨਾਲ ਸਬੰਧਤ ਕੰਮ ਵੀ ਰੁਕੇ ਹੋਏ ਹਨ। ਹਾਲਾਂਕਿ ਡੀਸੀ ਦਫ਼ਤਰਾਂ ਦੇ ਮੁਲਾਜ਼ਮ ਬਕਾਇਦਾ ਦਫ਼ਤਰ ਆ ਰਹੇ ਹਨ ਪਰ ਹਾਜ਼ਰੀ ਹੀ ਲਾ ਰਹੇ ਹਨ ਤੇ ਸੀਟਾਂ 'ਤੇ ਬੈਠ ਕਲਮ ਛੋੜ ਹੜਤਾਲ ਕੀਤੀ ਜਾ ਰਹੀ ਹੈ। ਸਰਕਾਰ ਵੱਲੋਂ ਹੜਤਾਲ ਬਾਰੇ ਖ਼ਾਮੋਸ਼ੀ ਧਾਰਨ ਕਰਨ 'ਤੇ ਯੂਨੀਅਨ ਦੇ ਪ੍ਰਧਾਨ ਗੁਰਨਾਮ ਸਿੰਘ ਵਿਰਕ ਅਤੇ ਜਨਰਲ ਸਕੱਤਰ ਜੋਗਿੰਦਰ ਕੁਮਾਰ ਜ਼ੀਰਾ ਨੇ ਸੰਘਰਸ਼ ਤਿੱਖਾ ਕਰਨ ਦਾ ਐਲਾਨ ਕਰ ਦਿੱਤਾ ਹੈ। ਇਸੇ ਤਹਿਤ ਅੱਜ ਹੜਤਾਲੀ ਮੁਲਾਜ਼ਮਾਂ ਨੇ ਪੰਜਾਬ ਭਰ ਵਿਚ ਰੈਲੀਆਂ ਅਤੇ ਮੁਜ਼ਾਹਰੇ ਕੀਤੇ। ਭਲਕੇ ਪੰਜਾਬ ਭਰ ਵਿਚ ਵੀ ਸਰਕਾਰ ਦੀਆਂ ਅਰਥੀਆਂ ਫੂਕਣ ਦਾ ਫ਼ੈਸਲਾ ਲਿਆ ਗਿਆ ਹੈ।

ਪਾਵਰਫੁੱਲ

ਰਹੀ ਹੈ। ਸੂਤਰ ਦੱਸਦੇ ਹਨ ਕਿ ਇਹ ਦੂਸਰਾ ਕੁਨੈਕਸ਼ਨ ਕੈਂਪ ਦਫ਼ਤਰ ਦਾ ਹੋ ਸਕਦਾ ਹੈ, ਜਿਸ ਦਾ ਬਿੱਲ ਖ਼ਜ਼ਾਨੇ ਚੋਂ ਭਰਿਆ ਜਾਂਦਾ ਹੈ। ਵੇਰਵਿਆਂ ਅਨੁਸਾਰ ਕਮਿਸ਼ਨਰ ਜਲੰਧਰ ਦੀ ਰਿਹਾਇਸ਼ ਦਾ ਜੋ ਤਾਜ਼ਾ ਬਿਜਲੀ ਬਿੱਲ ਹੈ, ਉਸ ਅਨੁਸਾਰ ਰਿਹਾਇਸ਼ ਦੀ 8 ਅਪਰੈਲ ਤੋਂ 7 ਜੂਨ ਤੱਕ ਦੀ ਬਿਜਲੀ ਖਪਤ ਔਸਤਨ ਰੋਜ਼ਾਨਾ 4 ਯੂਨਿਟ ਦੀ ਰਹੀ ਹੈ। ਸੰਗਰੂਰ ਦੇ ਡਿਪਟੀ ਕਮਿਸ਼ਨਰ (ਰਿਹਾਇਸ਼) ਦਾ ਜੋ ਤਾਜ਼ਾ ਬਿੱਲ ਆਇਆ ਹੈ, ਉਸ ਅਨੁਸਾਰ 32 ਦਿਨਾਂ ਦੀ ਬਿਜਲੀ ਖਪਤ 86 ਯੂਨਿਟ ਰਹੀ ਹੈ। ਕਪੂਰਥਲਾ ਦੇ ਡਿਪਟੀ ਕਮਿਸ਼ਨਰ ਦਾ ਜੋ ਤਾਜ਼ਾ ਬਿੱਲ ਬਣਿਆ ਹੈ, ਉਸ ਅਨੁਸਾਰ 63 ਦਿਨਾਂ ਦੀ ਬਿਜਲੀ ਖਪਤ 118 ਯੂਨਿਟ ਰਹੀ ਹੈ। ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੀ ਰਿਹਾਇਸ਼ 'ਤੇ ਦੋ ਮੀਟਰ ਚੱਲਦੇ ਹਨ, ਇੱਕ ਦਾ ਬਿੱਲ 13.56 ਲੱਖ ਅਤੇ ਦੂਸਰੇ ਮੀਟਰ ਦਾ ਬਿੱਲ 1.62 ਲੱਖ ਰੁਪਏ ਬਕਾਇਆ ਖੜ੍ਹਾ ਹੈ। ਐੱਸ.ਐੱਸ.ਪੀ ਅੰਮ੍ਰਿਤਸਰ ਦੇ ਨਾਮ ਉੱਤੇ ਚੱਲਦੇ ਕੁਨੈਕਸ਼ਨ ਵੱਲ 4.87 ਲੱਖ ਦੇ ਬਕਾਏ ਖੜ੍ਹੇ ਹਨ। ਦੱਸਣਯੋਗ ਹੈ ਕਿ ਅਫਸਰਾਂ ਨੂੰ ਆਪਣੇ ਘਰਾਂ ਦਾ ਬਿਜਲੀ ਬਿੱਲ ਜੇਬ 'ਚੋਂ ਤਾਰਨਾ ਹੁੰਦਾ ਹੈ। ਤੱਥਾਂ ਅਨੁਸਾਰ ਫਰੀਦਕੋਟ ਦੇ ਐੱਸ.ਐੱਸ.ਪੀ ਦੀ ਰਿਹਾਇਸ਼ ਵੱਲ ਪਾਵਰਕੌਮ ਦੇ 6.43 ਲੱਖ ਦੇ ਬਕਾਏ ਦੇ ਖੜ੍ਹੇ ਹਨ ਜਦੋਂ ਕਿ ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਦੀ ਰਿਹਾਇਸ਼ ਦੇ ਮੀਟਰ ਦੇ 2.88 ਲੱਖ ਦੇ ਬਕਾਏ ਤਾਰੇ ਨਹੀਂ ਗਏ ਹਨ। ਭਾਰਤੀ ਕਿਸਾਨ ਯੂਨੀਅਨ (ਕ੍ਰਾਂਤੀਕਾਰੀ) ਦੇ ਪ੍ਰਧਾਨ ਸੁਰਜੀਤ ਸਿੰਘ ਫੂਲ ਨੇ ਕਿਹਾ ਕਿ ਪਾਵਰਕੌਮ ਅਧਿਕਾਰੀ ਹੁਣ ਵੱਡਿਆਂ ਤੋਂ ਸ਼ੁਰੂਆਤ ਕਰਨ।

ਰਾਜ ਸਭਾ ਸੀਟਾਂ

ਪਟੀਸ਼ਨ ਨਾਲ ਸਬੰਧਤ ਨਹੀਂ ਹੈ। ਇਸ ਕਰਕੇ ਪਟੀਸ਼ਨ 'ਤੇ ਸੁਣਵਾਈ ਕੀਤੀ ਜਾ ਸਕਦੀ ਹੈ। ਗੁਜਰਾਤ ਕਾਂਗਰਸ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਵਿਵੇਕ ਤਨਖਾ ਨੇ ਕਿਹਾ ਕਿ ਦਿੱਲੀ ਹਾਈ ਕੋਰਟ ਦੇ ਕਈ ਫ਼ੈਸਲੇ ਉਨ੍ਹਾਂ ਦੇ ਪੱਖ 'ਚ ਆਏ ਹਨ। **-ਪੀਟੀਆਈ**

ਆਟਾ-ਦਾਲ ਸਕੀਮ

ਜਾ ਰਹੇ ਹਨ। ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਦਾ ਦੱਸਣਾ ਹੈ ਕਿ ਸਰਕਾਰ ਵੱਲੋਂ ਆਟਾ-ਦਾਲ ਸਕੀਮ ਸ਼ੁਰੂ ਕਰਨ ਸਮੇਂ ਜਨਤਕ ਖੇਤਰ ਦੇ ਸਾਰੇ ਅਦਾਰਿਆਂ ਨੂੰ ਵਿੱਤੀ ਇਮਦਾਦ ਦੇਣ ਦਾ ਫ਼ੈਸਲਾ ਕੀਤਾ ਗਿਆ ਸੀ ਪਰ ਅਕਾਲੀ-ਭਾਜਪਾ ਸਰਕਾਰ ਨੇ ਪਨਸਪ, ਮਾਰਕਫੈੱਡ, ਵੇਅਰਹਾਊਸਿੰਗ ਕਾਰਪੋਰੇਸ਼ਨ ਅਤੇ ਪੰਜਾਬ ਐਗਰੋ ਦੀ ਮਦਦ ਤੋਂ ਮੂੰਹ ਹੀ ਫੇਰ ਲਿਆ ਸੀ। ਇਸ ਮਾਮਲੇ 'ਤੇ ਕਾਂਗਰਸ ਸਰਕਾਰ ਨੇ ਵੀ ਅਕਾਲੀ-ਭਾਜਪਾ ਸਰਕਾਰ ਵਾਲਾ ਹੀ ਰਵੱਈਆ ਅਖ਼ਤਿਆਰ ਕੀਤਾ ਹੋਇਆ ਹੈ। ਇਸ ਦਾ ਸਿੱਟਾ ਇਹ ਨਿਕਲਿਆ ਕਿ ਘਾਟੇ ਦਾ ਸ਼ਿਕਾਰ ਇਹ ਅਦਾਰੇ ਆਟਾ-ਦਾਲ ਸਕੀਮ ਦੀਆਂ ਦੇਣਦਾਰੀਆਂ ਦੇ ਭਾਰ ਨੇ ਹੀ ਦੱਬ ਲਏ ਹਨ। ਸੂਤਰਾਂ ਦਾ ਦੱਸਣਾ ਹੈ ਕਿ ਸਰਕਾਰ ਵੱਲੋਂ ਗੰਭੀਰ ਮਾਲੀ ਸੰਕਟ ਨੂੰ ਦੇਖਦਿਆਂ ਇਨ੍ਹਾਂ ਅਦਾਰਿਆਂ ਨੂੰ ਜ਼ੁਬਾਨੀ ਹਦਾਇਤ ਕੀਤੀ ਗਈ ਹੈ ਕਿ ਆਟਾ-ਦਾਲ ਸਕੀਮ ਦੀਆਂ ਵਿੱਤੀ ਦੇਣਦਾਰੀਆਂ ਨੂੰ ਕਣਕ ਅਤੇ ਝੋਨੇ ਦੀ ਖ਼ਰੀਦ ਲਈ ਬੈਂਕਾਂ ਤੋਂ ਹਾਸਲ ਕੀਤੀ ਜਾਂਦੀ ਕੈਸ਼ ਕ੍ਰੈਡਿਟ ਲਿਮਿਟ ਦੀ ਰਾਸ਼ੀ ਵਿੱਚ ਹੀ ਐਡਜਸਟ ਕਰਨ ਦੇ ਯਤਨ ਕੀਤੇ ਜਾਣ। ਪੰਜਾਬ ਸਰਕਾਰ ਨੇ ਦਾਲਾਂ ਦੀ ਖ਼ਰੀਦ ਲਈ ਪਨਸਪ ਨੂੰ ਨੋਡਲ ਏਜੰਸੀ ਬਣਾਇਆ ਸੀ। ਦਾਲਾਂ ਦੀ ਖ਼ਰੀਦ ਦੇ ਵਿੱਤੀ ਬੋਝ ਕਾਰਨ ਹੀ ਪਨਸਪ ਸਿਰ ਬੈਂਕਾਂ ਦਾ ਜ਼ਿਆਦਾ ਕਰਜ਼ਾ ਚੜ੍ਹਿਆ ਹੈ। ਕਾਂਗਰਸ ਨੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਟਾ-ਦਾਲ ਦੇ ਨਾਲ ਖੰਡ ਅਤੇ ਚਾਹ ਪੱਤੀ ਦੇਣ ਦਾ ਐਲਾਨ ਵੀ ਕੀਤਾ ਸੀ। ਹਾਲ ਦੀ ਘੜੀ ਸਿਰਫ਼ ਕਣਕ ਹੀ ਦਿੱਤੀ ਜਾ ਰਹੀ ਹੈ।

ਪਨਸਪ ਦਾ ਬੈਂਕ ਖਾਤਾ

ਹੈ। ਇਸ ਅਦਾਰੇ ਵੱਲੋਂ ਸਰਕਾਰ ਤੱਕ ਪਹੁੰਚ ਕੀਤੀ ਜਾ ਰਹੀ ਹੈ ਕਿ ਰਾਜ ਸਰਕਾਰ ਇਸ ਕਰਜ਼ੇ ਨੂੰ ਆਪਣੇ ਸਿਰ ਲਵੇ ਤਾਂ ਜੋ ਅਦਾਰਾ ਮੁੜ ਤੋਂ ਵਿੱਤੀ ਤੌਰ 'ਤੇ ਪੈਰਾਂ ਸਿਰ ਹੋ ਸਕੇ। ਖੁਰਾਕ ਤੇ ਸਪਲਾਈ ਵਿਭਾਗ ਦੇ ਅਧਿਕਾਰੀਆਂ ਦਾ ਦੱਸਣਾ ਹੈ ਕਿ ਪਨਸਪ ਨੇ ਪੰਜਾਬ ਨੈਸ਼ਨਲ ਬੈਂਕ ਦਾ 190 ਕਰੋੜ, ਯੂਕੋ ਬੈਂਕ ਦਾ 555 ਕਰੋੜ, ਬੈਂਕ ਆਫ਼ ਇੰਡੀਆ ਦਾ 100 ਕਰੋੜ, ਕਾਰਪੋਰੇਸ਼ਨ ਬੈਂਕ ਦਾ 375 ਕਰੋੜ ਰੁਪਏ ਦਾ ਕਰਜ਼ਾ ਦੇਣਾ ਹੈ।

ਓਮ ਬਿਰਲਾ ਸਪੀਕਰ ਬਣੇ

ਕੀਤੇ ਗਏ ਤੇ ਪ੍ਰੋ.ਟੈੱਮੰ ਸਪੀਕਰ ਵੀਰੇਂਦਰ ਕੁਮਾਰ ਨੇ ਨਵੇਂ ਸਪੀਕਰ ਵਜੋਂ ਬਿਰਲਾ ਦੀ ਨਿਯੁਕਤੀ ਦਾ ਐਲਾਨ ਕਰ ਦਿੱਤਾ। ਸ੍ਰੀ ਮੋਦੀ ਨਵੇਂ ਸਪੀਕਰ ਨੂੰ ਉਨ੍ਹਾਂ ਦੀ ਕੁਰਸੀ ਤਕ ਲੈ ਕੇ ਗਏ। ਭਾਜਪਾ, ਕਾਂਗਰਸ, ਡੀਐੱਮਕੇ ਤੇ ਤ੍ਰਿਣਮੂਲ ਕਾਂਗਰਸ ਦੇ ਕਈ ਆਗੂਆਂ ਨੇ ਪੋਡੀਅਮ 'ਤੇ ਜਾ ਕੇ ਨਵੇਂ ਸਪੀਕਰ ਨੂੰ ਵਧਾਈ ਦਿੱਤੀ। ਪ੍ਰਧਾਨ ਮੰਤਰੀ ਮੋਦੀ ਨੇ ਬਿਰਲਾ ਨੂੰ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਦੇ ਜਨਤਕ ਜੀਵਨ ਤੇ ਸਮਾਜਿਕ ਕੰਮਾਂ ਦਾ ਵੀ ਜ਼ਿਕਰ ਕੀਤਾ।

ਇਸ ਦੌਰਾਨ ਸ੍ਰੀ ਬਿਰਲਾ ਨੇ ਆਪਣੇ ਸੰਬੋਧਨ ਵਿੱਚ ਸੰਸਦ ਮੈਂਬਰਾਂ ਨੂੰ ਯਕੀਨ ਦਿਵਾਇਆ ਕਿ ਉਹ ਸਦਨ ਦੀ ਕਾਰਵਾਈ ਨੂੰ ਨਿਰਪੱਖ ਰਹਿ ਕੇ ਚਲਾਉਣਗੇ ਤੇ ਹਰ ਕਿਸੇ ਦੀ ਗੱਲ ਸੁਣੀ ਜਾਵੇਗੀ। ਉਧਰ ਲੋਕ ਸਭਾ ਵਿੱਚ ਕਾਂਗਰਸ ਪਾਰਟੀ ਦੇ ਆਗੂ ਅਧੀਰ ਰੰਜਨ ਚੌਧਰੀ ਨੇ ਨਵੇਂ ਸਪੀਕਰ ਨੂੰ ਖੁੱਲ੍ਹੇ ਦਿਲ ਨਾਲ ਹਮਾਇਤ ਦੇਣ ਦਾ ਐਲਾਨ ਕਰਦਿਆਂ ਅਪੀਲ ਕੀਤੀ ਕਿ ਉਹ ਇਸ ਜ਼ਿੰਮੇਵਾਰੀ ਦੌਰਾਨ ਨਿਰਪੱਖ ਰਹਿਣ ਤੇ ਵਿਰੋਧੀ ਧਿਰ ਨੂੰ ਲੋਕ ਹਿੱਤ ਨਾਲ ਜੁੜੇ ਮੁੱਦੇ ਚੁੱਕਣ ਲਈ ਲੋੜੀਂਦਾ ਸਮਾਂ ਦੇਣ। **-ਪੀਟੀਆਈ**

ਵਿਰੋਧੀ ਧਿਰ ਦੀ ਗ਼ੈਰਹਾਜ਼ਰੀ

ਰੱਖਿਆ। ਕਾਂਗਰਸ, ਤ੍ਰਿਣਮੂਲ ਕਾਂਗਰਸ, ਸਪਾ, ਬਸਪਾ ਤੇ ਟੀਡੀਪੀ ਸਮੇਤ 16 ਪਾਰਟੀਆਂ ਮੀਟਿੰਗ 'ਚੋਂ ਗੈਰਹਾਜ਼ਰ ਰਹੀਆਂ। ਐਨਡੀਏ ਭਾਈਵਾਲ ਸ਼ਿਵ ਸੈਨਾ ਦੇ ਮੁਖੀ ਊਧਵ ਠਾਕਰੇ ਪਾਰਟੀ ਦੇ ਸਥਾਪਨਾ ਦਿਹਾੜੇ ਕਰ ਕੇ ਮੀਟਿੰਗ 'ਚ ਹਾਜ਼ਰੀ ਨਹੀਂ ਭਰ ਸਕੇ।

ਲੋਕ ਸਭਾ ਤੇ ਵਿਧਾਨ ਸਭਾ ਚੋਣਾਂ ਇਕੱਠੀਆਂ ਕਰਵਾਉਣ ਦੇ ਮੁੱਦੇ 'ਤੇ ਅੱਜ ਪ੍ਰਧਾਨ ਮੰਤਰੀ ਮੋਦੀ ਨੇ ਉਨ੍ਹਾਂ ਸਾਰੀਆਂ ਸਿਆਸੀ ਧਿਰਾਂ ਦੇ ਮੁਖੀਆਂ ਨੂੰ ਗੱਲਬਾਤ ਲਈ ਸੱਦਾ ਭੇਜਿਆ ਸੀ ਜਿਨ੍ਹਾਂ ਦੀ ਪਾਰਟੀ ਦਾ ਘੱਟੋ ਘੱਟੋ ਇਕ ਮੈਂਬਰ ਲੋਕ ਸਭਾ ਜਾਂ ਰਾਜ ਸਭਾ ਵਿਚ ਹੈ। ਇਸ ਮੌਕੇ ਹੋਰ ਵੀ ਕਈ ਮੁੱਦਿਆਂ 'ਤੇ ਗੱਲਬਾਤ ਕੀਤੀ ਗਈ ਜਿਨ੍ਹਾਂ ਵਿਚ 2022 ਵਿਚ ਭਾਰਤ ਦੀ ਆਜ਼ਾਦੀ ਦੀ 75ਵੀਂ ਵਰ੍ਹੇਗੰਢ ਮਨਾਉਣਾ ਤੇ ਇਸੇ ਵਰ੍ਹੇ ਮਹਾਤਮਾ ਗਾਂਧੀ ਦੀ 150ਵੀਂ ਜਨਮ ਵਰ੍ਹੇਗੰਢ ਮਨਾਉਣਾ ਅਹਿਮ ਸਨ। ਸੰਸਦ ਦੀ ਲਾਇਬਰੇਰੀ ਇਮਾਰਤ ਵਿਚ ਰੱਖੀ ਇਸ ਮੀਟਿੰਗ ਵਿਚ ਐਨਸੀਪੀ ਆਗੂ ਸ਼ਰਦ ਪਵਾਰ, ਸੀਪੀਐੱਮ ਦੇ ਸੀਤਾਰਾਮ ਯੇਚੁਰੀ, ਸੀਪੀਆਈ ਦੇ ਡੀ. ਰਾਜਾ, ਬਿਹਾਰ ਦੇ ਮੁੱਖ ਮੰਤਰੀ ਤੇ ਜੇਡੀ (ਯੂ) ਆਗੂ ਨਿਤੀਸ਼ ਕੁਮਾਰ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਉੜੀਸਾ ਦੇ ਮੁੱਖ ਮੰਤਰੀ ਨਵੀਨ ਪਟਨਾਇਕ, ਐਨਪੀਪੀ ਦੇ ਕੌਨਰਾਡ ਸੰਗਮਾ, ਪੀਡੀਪੀ ਆਗੂ ਮਹਿਬੂਬਾ ਮੁਫ਼ਤੀ ਤੇ ਨੈਸ਼ਨਲ ਕਾਨਫ਼ਰੰਸ ਦੇ ਸਰਪ੍ਰਸਤ ਫਾਰੂਕ ਅਬਦੁੱਲਾ ਹਾਜ਼ਰ ਸਨ। **-ਪੀਟੀਆਈ**

ਨੌਜਵਾਨ ਦੀ ਹੱਤਿਆ

ਦੀ ਭੈਣ ਗੁਲਸ਼ਨ ਸੈਣੀ ਦੇ ਬਿਆਨਾਂ 'ਤੇ ਫ਼ੌਜੀ ਜਸਵੀਰ ਸਿੰਘ ਉਰਫ਼ ਸ਼ੀਰਾ ਅਤੇ ਉਸ ਦੇ ਵੱਡੇ ਭਰਾ ਮਹਿੰਦਰ ਸਿੰਘ ਪੁੱਤਰ ਦਲਜੀਤ ਸਿੰਘ ਦੇ ਖ਼ਿਲਾਫ਼ ਧਾਰਾ 302/34 ਤੇ ਆਰਮਜ਼ ਐਕਟ ਤਹਿਤ ਕੇਸ ਦਰਜ ਕੀਤਾ ਹੈ। ਦੋਸ਼ੀ ਕਤਲ ਲਈ ਵਰਤੀ ਰਿਵਾਲਰ ਸਮੇਤ ਫ਼ਰਾਰ ਹਨ। ਮ੍ਰਿਤਕ ਦੀ ਭੈਣ ਗੁਲਸ਼ਨ ਸੈਣੀ ਨੇ ਆਪਣੇ ਮੋਬਾਈਲ 'ਚ ਪਈ ਇੱਕ ਆਡੀਓ ਰਿਕਾਰਡਿੰਗ ਦੇ ਆਧਾਰ 'ਤੇ ਦੱਸਿਆ ਕਿ ਬੀਤੀ ਰਾਤ ਕਰੀਬ ਪੌਣੇ 10 ਵਜੇ ਜਦੋਂ ਉਨ੍ਹਾਂ ਦਾ ਭਰਾ ਟਹਿਲ ਸਿੰਘ ਉਰਫ਼ ਸਨੀ ਪਿੰਡ ਦੇ ਬਾਹਰ ਇੱਕ ਪੋਲਟਰੀ ਫਾਰਮ 'ਤੇ ਪ੍ਰਿੰਸ ਨਾਂਅ ਦੇ ਦੋਸਤ ਕੋਲ ਬੈਠਾ ਸੀ ਤਾਂ ਫ਼ੌਜੀ ਅਜੀਤ ਸਿੰਘ ਫ਼ੋਨ ਕਰਕੇ ਆਪਣੇ ਵੱਡੇ ਭਰਾ ਮਹਿੰਦਰ ਸਿੰਘ ਸਮੇਤ ਪੋਲਟਰੀ ਫਾਰਮ 'ਤੇ ਪਹੁੰਚ ਗਿਆ ਅਤੇ ਝਗੜਾ ਕਰਨ ਲੱਗੇ। ਗੁਲਸ਼ਨ ਸੈਣੀ ਅਨੁਸਾਰ ਜਦੋਂ ਉਹ ਭਰਾ ਦੇ ਪਿੱਛੇ ਝਗੜੇ ਵਾਲੀ ਜਗ੍ਹਾ 'ਤੇ ਪਹੁੰਚੀ ਤਾਂ ਦੇਖਦੇ ਹੀ ਦੇਖਦੇ ਫ਼ੌਜੀ ਅਜੀਤ ਸਿੰਘ ਨੇ ਰਿਵਾਲਵਰ ਨਾਲ ਗੋਲੀ ਚਲਾ ਦਿੱਤੀ, ਜੋ ਉਸ ਦੇ ਭਰਾ ਸਨੀ ਦੇ ਪੇਟ ਵਿੱਚ ਲੱਗੀ ਅਤੇ ਉਹ ਮੌਕੇ 'ਤੇ ਹੀ ਢੇਰ ਹੋ ਗਿਆ। ਰੌਲਾ ਪੈਣ 'ਤੇ ਦੋਨੋਂ ਮੁਲਜ਼ਮ ਫ਼ਰਾਰ ਹੋ ਗਏ।

ਸਿੱਖ ਚਾਲਕ

ਕੁੱਟਮਾਰ ਦਾ ਵੀਡੀਓ ਦੇਖਣ ਮਗਰੋਂ ਕਿਹਾ,"ਤੁਸੀਂ 15 ਸਾਲਾਂ ਦੇ ਲੜਕੇ ਨੂੰ ਕੁੱਟਣ ਦੇ ਮਾਮਲੇ ਨੂੰ ਕਿਵੇਂ ਜਾਇਜ਼ ਠਹਿਰਾ ਸਕਦੇ ਹੋ? ਜੇਕਰ ਇਹ ਪੁਲੀਸ ਦੀ ਦਰਿੰਦਗੀ ਦਾ ਸਬੂਤ ਨਹੀਂ ਹੈ ਤਾਂ ਫਿਰ ਤੁਹਾਨੂੰ ਹੋਰ ਕੀ ਚਾਹੀਦਾ ਹੈ।" ਬੈਂਚ ਨੇ ਕਿਹਾ ਕਿ ਜੇਕਰ ਵਰਦੀਧਾਰੀ ਬਲ ਅਜਿਹੇ ਢੰਗ ਨਾਲ ਕੰਮ ਕਰਨਗੇ ਤਾਂ ਇਸ ਨਾਲ ਨਾਗਰਿਕਾਂ 'ਚ ਖ਼ੌਫ਼ ਪੈਦਾ ਹੋਵੇਗਾ ਜਦਕਿ ਉਨ੍ਹਾਂ ਨੂੰ ਇਹ ਮਹਿਸੂਸ ਕਰਾਉਣ ਦੀ ਲੋੜ ਹੈ ਕਿ ਪੁਲੀਸ ਉਨ੍ਹਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਹੈ। ਪੁਲੀਸ ਨੂੰ ਦਰਸਾਉਣਾ ਪਵੇਗਾ ਕਿ ਉਹ ਨਾਗਰਿਕਾਂ ਨਾਲ ਹੈ। ਬੱਚਿਆਂ ਸਮੇਤ ਸਾਰੇ ਨਾਗਰਿਕ ਇਹੋ ਚਾਹੁੰਦੇ ਹਨ।' ਘਟਨਾ ਦੀ ਸੀਬੀਆਈ ਤੋਂ ਜਾਂਚ ਕਰਾਉਣ ਬਾਰੇ ਦਾਖ਼ਲ ਜਨਹਿੱਤ ਪਟੀਸ਼ਨ 'ਤੇ ਕੇਂਦਰ, 'ਆਪ' ਸਰਕਾਰ ਅਤੇ ਦਿੱਲੀ ਪੁਲੀਸ

ਕੌਮੀ ਅਤੇ ਦਿੱਲੀ ਘੱਟ ਗਿਣਤੀ ਕਮਿਸ਼ਨ ਕੋਲ ਪੁੱਜਾ ਮਾਮਲਾ

ਨਵੀਂ ਦਿੱਲੀ: ਮੁਖਰਜੀ ਨਗਰ ਥਾਣਾ ਪੁਲੀਸ ਵੱਲੋਂ ਸਰਬਜੀਤ ਸਿੰਘ ਤੇ ਉਸ ਦੇ ਨਾਬਾਲਗ ਪੁੱਤਰ ਦੀ ਕੁੱਟਮਾਰ ਦਾ ਮਾਮਲਾ ਹੁਣ ਕੌਮੀ ਘੱਟ ਗਿਣਤੀ ਕਮਿਸ਼ਨ ਅਤੇ ਦਿੱਲੀ ਘੱਟ ਗਿਣਤੀ ਕਮਿਸ਼ਨ ਕੋਲ ਪੁੱਜ ਗਿਆ ਹੈ। ਮਾਮਲੇ ਨੂੰ ਲੈ ਕੇ ਆਈਆਂ ਸ਼ਿਕਾਇਤਾਂ ਬਾਰੇ ਕੌਮੀ ਘੱਟ ਗਿਣਤੀ ਕਮਿਸ਼ਨ 20 ਜੂਨ ਨੂੰ ਬੈਠਕ ਕਰੇਗਾ।

ਨੂੰ ਨੋਟਿਸ ਜਾਰੀ ਕਰਦਿਆਂ ਹਾਈ ਕੋਰਟ ਨੇ ਉਨ੍ਹਾਂ ਤੋਂ ਜਵਾਬ ਮੰਗਿਆ ਹੈ। ਬੈਂਚ ਨੇ ਜਾਇੰਟ ਕਮਿਸ਼ਨਰ ਪੁਲੀਸ ਰੈਂਕ ਦੇ ਅਧਿਕਾਰੀ ਤੋਂ ਘਟਨਾ ਬਾਬਤ ਨਿਰਪੱਖ ਰਿਪੋਰਟ ਹਫ਼ਤੇ ਅੰਦਰ ਮੰਗਦਿਆਂ ਕੇਸ ਦੀ ਸੁਣਵਾਈ 2 ਜੁਲਾਈ ਲਈ ਨਿਰਧਾਰਤ ਕਰ ਦਿੱਤੀ। ਪੁਲੀਸ ਵੱਲੋਂ ਪੇਸ਼ ਹੋਏ ਦਿੱਲੀ ਸਰਕਾਰ ਦੇ ਵਧੀਕ ਸਟੈਂਡਿੰਗ ਵਕੀਲ ਸਤਿਆਕਾਮ ਨੇ ਕਿਹਾ ਕਿ ਉਹ ਅਧਿਕਾਰੀਆਂ ਦੇ ਕਾਰੇ ਦਾ ਬਚਾਅ ਨਹੀਂ ਕਰ ਰਿਹਾ ਹੈ। ਉਸ ਨੇ ਕਿਹਾ ਕਿ ਦੋਵੇਂ ਧਿਰਾਂ ਵੱਲੋਂ ਇਕ-ਦੂਜੇ ਖ਼ਿਲਾਫ਼ ਸ਼ਿਕਾਇਤਾਂ ਦੇ ਆਧਾਰ 'ਤੇ ਐਫਆਈਆਰ ਦਰਜ ਕੀਤੀਆਂ ਗਈਆਂ ਹਨ ਅਤੇ ਉਨ੍ਹਾਂ ਨੂੰ ਜਾਂਚ ਲਈ ਕ੍ਰਾਈਮ ਬਰਾਂਚ ਕੋਲ ਭੇਜਿਆ ਗਿਆ ਹੈ। ਉਸ ਨੇ ਅਦਾਲਤ ਨੂੰ ਦੱਸਿਆ ਕਿ ਵੀਡੀਓ 'ਤੋਂ ਪਛਾਣੇ ਗਏ ਤਿੰਨ ਅਧਿਕਾਰੀਆਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ ਅਤੇ ਜਾਇੰਟ ਕਮਿਸ਼ਨਰ ਪੁਲੀਸ ਰੈਂਕ ਦੇ ਅਧਿਕਾਰੀ ਦੀ ਅਗਵਾਈ ਹੇਠ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ। **-ਪੀਟੀਆਈ**

ਸ਼ਿਲੌਂਗ ਦੇ ਸਿੱਖ

ਹਨ। 'ਇਥੋਂ ਤਕ ਕਿ ਸਾਡੇ ਨਾਮ 'ਤੇ ਬਿਜਲੀ ਦੇ ਕੁਨੈਕਸ਼ਨ ਵੀ ਹਨ। ਸਾਡੇ ਪੁਰਖੇ 1863 ਤੋਂ ਇਥੇ ਰਹਿੰਦੇ ਆਏ ਹਨ। ਅਸੀਂ ਮੇਘਾਲਿਆ ਸਰਕਾਰ ਨੂੰ ਚੁਣਨ 'ਚ ਅਹਿਮ ਯੋਗਦਾਨ ਪਾਉਂਦੇ ਹਾਂ ਪਰ ਫਿਰ ਵੀ ਸਾਨੂੰ ਗ਼ੀਰਕਾਨੂੰਨੀ ਵਸਨੀਕ ਦੱਸ ਕੇ ਸ਼ਿਲੌਂਗ ਤੋਂ ਜਾਣ ਦੇ ਫਰਮਾਨ ਜਾਰੀ ਕਰ ਦਿੱਤੇ ਗਏ ਹਨ।' ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਸ਼ਿਲੌਂਗ ਦੇ ਸਿੱਖਾਂ ਦੀ ਮਦਦ ਲਈ ਵਫ਼ਦ ਭੇਜਿਆ ਹੈ ਤਾਂ ਜੋ ਉਹ ਸਥਾਨਕ ਸਰਕਾਰ ਨਾਲ ਗੱਲਬਾਤ ਕਰਕੇ ਮਸਲੇ ਦਾ ਕੋਈ ਹੱਲ ਕੱਢ ਸਕੇ। ਵਫ਼ਦ 'ਚ ਸੰਸਦ ਮੈਂਬਰ ਜਸਬੀਰ ਸਿੰਘ ਡਿੰਪਾ, ਵਿਧਾਇਕ ਕੁਲਦੀਪ ਸਿੰਘ ਵੈਦ ਤੇ ਕੁਲਬੀਰ ਸਿੰਘ ਜ਼ੀਰਾ ਅਤੇ ਸਕੱਤਰ (ਯੋਜਨਾ) ਡੀ ਐਸ ਮਾਂਗਟ ਵੀ ਸ਼ਾਮਲ ਹਨ। ਵਫ਼ਦ ਨੂੰ ਸੂਬਾ ਸਰਕਾਰ ਨੇ ਪੰਜਾਬੀ ਲੋਨ 'ਚ ਜਾਣ ਦੀ ਸ਼ੁਰੂ 'ਚ ਇਜਾਜ਼ਤ ਨਹੀਂ ਦਿੱਤੀ ਅਤੇ ਆਖਿਆ ਕਿ ਉਥੇ ਹਾਲਾਤ ਸੰਵੇਦਨਸ਼ੀਲ ਹਨ। ਵਫ਼ਦ ਨੇ ਜਦੋਂ ਇਕੱਲਿਆਂ ਹੀ ਇਲਾਕੇ 'ਚ ਜਾਣ ਦਾ ਐਲਾਨ ਕੀਤਾ ਤਾਂ ਸਥਾਨਕ ਪ੍ਰਸ਼